**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੁਰਜੀਤ ਸਿੰਘ 9781591548
ਪਿੰਡ ਤੇ ਡਾਕਖਾਨਾ ਘਵਾਂਡੀ ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਪ੍ਰਿੰਸੀਪਲ ਦੋਰਾਹਾ ਕਾਲਿਜ ਆਫ ਐਜੂਕੇਸ਼ਨ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਪੰਜਾਬ ਯੂਨੀਵਰਸਿਟੀ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:4489 ਆਫ 2019**

**ਹਾਜ਼ਰ:**

1. ਅਪੀਲਕਰਤਾ ਸ੍ਰੀ ਗੁਰਜੀਤ ਸਿੰਘ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਮੈਡਮ ਮੁਹਿੰਦਰ ਕੋਰ, ਸੁਪਰਡੰਟ (9464953471) ਅਤੇ ਗਗਨਦੀਪ ਸਿੰਘ, ਸਹਾਇਕ ਪ੍ਰੋ: (9283967600)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-5-2019, ਲੋਕ ਸੂਚਨਾ ਅਧਿਕਾਰੀ ਪ੍ਰਿੰਸੀਪਲ ਦੋਰਾਹਾ ਕਾਲਿਜ ਆਫ ਐਜੂਕੇਸ਼ਨ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀਮਤੀ ਪਰਮਜੀਤ ਕੋਰ ਵਲੋਂ ਸਾਲ 2015-16, 2016-17 ਵਿਚ ਬੀ.ਐਡ.ਦੀ ਅਡਮਿਸ਼ਨ ਸਮੇ ਦਿੱਤੇ ਦਸਤਾਵੇਜ਼ਾਂ ਨਾਲ ਸਬੰਧਤ 3 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-10-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 3-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਗੁਰਜੀਤ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਦੇ ਨਾਲ ਹੀ ਉਸ ਵਲੋਂ ਪੱਤਰ ਮਿਤੀ 10-2-2020 ਜ਼ੋ ਡਾਕ ਰਾਹੀਂ ਮਿਤੀ 12-2-2020 ਨੂੰ ਅਤੇ ਈ.ਮੇਲ ਰਾਹੀਂ ਮਿਤੀ 25-2-2020 ਨੂੰ ਪ੍ਰਾਪਤ ਹੋਇਆ, ਕਮਿਸ਼ਨ ਨੂੰ ਸੰਬੋਧਤ ਹੈ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਮੈਡਮ ਮੁਹਿੰਦਰ ਕੋਰ, ਸੁਪਰਡੰਟ ਅਤੇ ਗਗਨਦੀਪ ਸਿੰਘ, ਸਹਾਇਕ ਪ੍ਰੋ: ਹਾਜ਼ਰ ਹੋਏ, ਸੁਪਰਡੰਟ ਵਲੋਂ ਪਹਿਲੀ ਅਪੀਲੀ ਅਥਾਰਟੀ ਦਾ ਅਥਾਰਟੀ ਲੈਟਰ ਪੇਸ਼ ਕੀਤਾ ਗਿਆ । ਉੱਤਰਦਾਤਾ ਕਾਲਜ਼ ਦੇ ਨੁਮਾਇੰਦੇ ਵਲੋਂ ਪਤਰ ਨ: ਡੀ.ਸੀ.ਈ./20/5258 ਮਿਤੀ 27-1-2020 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਡਾਕ ਰਾਹੀਂ ਮਿਤੀ 28-01-2020 ਨੂੰ ਪ੍ਰਾਪਤ ਹੋ ਚੁੱਕਾ ਹੈ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ। ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਪ੍ਰਾਪਤ ਉਕਤ ਪੱਤਰ ਮਿਤੀ 27-1-2020 ਰਾਹੀਂ ਦਸਿਆ ਗਿਆ ਕਿ ਉਨ੍ਹਾਂ ਦਾ ਕਾਲਜ ਪ੍ਰਾਇਵੇਟ ਮੈਨੇਜਮੈਂਟ ਵਲੋਂ ਚਲਾਇਆ ਜਾ ਰਿਹਾ ਹੈ ਅਤੇ ਪਬਲਿਕ ਅਥਾਰਟੀ ਅਧੀਨ ਨਹੀ ਆਉਂਦਾ। ਇਸ ਤਰ੍ਹਾਂ ਇਹ ਆਰ.ਟੀ.ਆਈ.ਐਕਟ. 2005 ਦੀ ਧਾਰਾ 2(ਐਚ) ਅਧੀਨ ਕਵਰ ਨਹੀਂ ਹੁੰਦਾ।ਇਸ ਤੋਂ ਇਲਾਵਾ ਦਸਿਆ ਗਿਆ ਕਿ ਉਨ੍ਹਾਂ ਦੇ ਕਾਲਜ ਨੂੰ ਸਰਕਾਰ ਵਲੋਂ ਕੋਈ ਫੰਡ ਜਾਂ ਗਰਾਂਟ ਨਹੀਂ ਮਿਲਦੀ। ਅਪੀਲਕਰਤਾ ਵਲੋਂ ਇਸ ਸਬੰਧ ਵਿਚ ਕੋਈ ਅਜਿਹਾ ਪੱਖ ਜਾਂ ਸਬੂਤ ਪੇਸ਼ ਨਹੀਂ ਕੀਤਾ ਗਿਆ ਜਿਸਤੋਂ ਸਾਬਤ ਹੋ ਸਕੇ ਇਸ ਕਾਲਜ ਨੂੰ ਸਰਕਾਰ ਵਲੋਂ ਕੋਈ ਫੰਡ ਜਾਂ ਗਰਾਂਟ ਪ੍ਰਾਪਤ ਹੁੰਦੀ ਹੋਵੇ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 25 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਚਮਕੌਰ ਸਿੰਘ 7009845945
ਨੈੜੇ ਕਲਗੀਧਰ ਸਕੂਲ ਸੰਤ ਕਲੋਨੀ ਬੀਗਰਵਾਲ ਰੋਡ ਸੁਨਾਮ ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਅਡੀਸ਼ਨਲ ਡਿਪਟੀ ਕਮਿਸ਼ਨਰ (ਡੀ) ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਅਡੀਸ਼ਨਲ ਡਿਪਟੀ ਕਮਿਸ਼ਨਰ (ਡੀ) ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:4492 ਆਫ 2019**

**ਹਾਜ਼ਰ:**

1. ਅਪੀਲਕਰਤਾ ਸ੍ਰੀ ਚਮਕੌਰ ਸਿੰਘ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਆਰ.ਕੇ.ਸਿੰਘ, ਏ.ਪੀ.ਓ.,ਏ.ਡੀ.ਸੀ,(9463560132)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 3-5-2019, ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਅਡੀਸ਼ਨਲ ਡਿਪਟੀ ਕਮਿਸ਼ਨਰ (ਡੀ) ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 3-2-2019 ਤੋਂ 15-3-2019 ਦੋਰਾਨ ਮਗਨਰੇਗਾ ਤਹਿਤ ਹੋਈ ਏ.ਪੀ.ਓ. ਦੀ ਭਰਤੀ ਨਾਲ ਸਬੰਧਤ 3 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-6-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 3-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਚਮਕੌਰ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸਹੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਇਸ ਦੇ ਨਾਲ ਹੀ ਦਸਿਆ ਗਿਆ ਕਿ ਉਸ ਵਲੋਂ ਆਪਣੇ ਨਾਲ ਸਬੰਧਤ ਸੂਚਨਾ ਮੰਗੀ ਗਈ ਹੈ ਜ਼ੋ ਅੱਜੇ ਤੱਕ ਨਹੀ ਦਿੱਤੀ ਜਾ ਰਹੀ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਆਰ.ਕੇ.ਸਿੰਘ, ਏ.ਪੀ.ਓ.,ਦਫਤਰ ਏ.ਡੀ.ਸੀ,ਸੰਗਰੂਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨ: 8340 ਮਿਤੀ 13-2-2020 ਪੇਸ਼ ਕੀਤਾ ਗਿਆ, ਜ਼ੋ ਕਿ ਪਹਿਲਾਂ ਹੀ ਡਾਕ ਰਾਹੀਂ ਮਿਤੀ 19-2-2020 ਨੂੰ ਅਤੇ ਈ.ਮੇਲ ਮਿਤੀ 17-2-2020 ਰਾਹੀਂ ਪ੍ਰਾਪਤ ਹੋ ਚੁੱਕਾ ਹੈ। ਜਿਸ ਰਾਹੀਂ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਮਿਤੀ 11.6.2019 ਰਾਹੀਂ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਉਪਰੰਤ ਉਸ ਵਲੋਂ ਕੀਤੀ ਗਈ ਅਪੀਲ ਉਪਰੰਤ ਵੀ ਅਪੀਲੀ ਅਥਾਰਟੀ ਵਲੋਂ ਸੂਚਨਾ ਨਾ ਦੇਣ ਦਾ ਫੈਸਲਾ ਲੈਂਦੇ ਹੋਏ ਪੱਤਰ ਮਿਤੀ 15-11-2019 ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ। ਪਤਰ ਮਿਸਲ ਤੇ ਉਪਲਭਧ ਹਨ।

4. ਇਸ ਕੇਸ ਵਿਚ ਉੱਤਰਦਾਤਾ ਵਲੋਂ ਆਪਣੇ ਪੱਤਰ ਮਿਤੀ 13-2-2020 ਰਾਹੀਂ ਦਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਪੱਤਰ ਮਿਤੀ 11-6-2019 ਅਤੇ ਮਿਤੀ 15-12-2019 ਰਾਹੀਂ ਸੂਚਨਾ ਦਿੱਤੀ ਜਾ ਚੁੱਕੀ ਹੈ। ਇਨ੍ਹਾਂ ਪੱਤਰਾਂ ਰਾਹੀਂ ਉਸਨੂੰ ਸੂਚਿਤ ਕੀਤਾ ਗਿਆ ਹੈ ਕਿ ਇਹ ਸੂਚਨਾ ਮੈਟਰ ਆਫ ਸੀਕਰੇਸੀ ਹੋਣ ਕਾਰਨ ਨਹੀਂ ਦਿੱਤੀ ਜਾ ਸਕਦੀ। ਅਪੀਲਕਰਤਾ ਵਲੋਂ ਪ੍ਰਸ਼ਨ ਨਹੀਂ ਕੀਤਾ ਗਿਆ ਬਲਕਿ ਉਸ ਵਲੋਂ ਦਿੱਤੇ ਗਏ ਲਿਖਤੀ ਟੈਸਟ ਦੀ ਆਪਣੇ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਫਸਰ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਉਸਦੇ ਨਾਲ ਸਬੰਧਤ ਜਾਣਕਾਰੀ /ਦਸਤਾਵੇਜ਼ਾਂ ਦੀ ਕਾਪੀ ਤਸਦੀਕ ਕਰਕੇ ਦਿੱਤੇ ਜਾਣ, ਕਿਸੇ ਹੋਰ ਦੀ ਜਾਣਕਾਰੀ ਨਾਲ ਸਬੰਧਤ ਜਾਣਕਾਰੀ/ਦਸਤਾਵੇਜ਼ ਨਾ ਦਿਤੇ ਜਾਣ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 25 ਫਰਵਰੀ, 2020.

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਾਮ ਚੰਦ ਵਰਮਾ 9417165474
ਏਸੇ 76 ਰਣਜੀਤ ਐਵਿਨਿਓ ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਪ੍ਰਿੰਸੀਪਲ ਐਸ.ਐਸ.ਐਮ. ਕਾਲਜ਼ ਦੀਨਾਨਗਰ।

ਪਹਿਲੀ ਅਪੀਲੀ ਅਥਾਰਟੀ,
ਡੀ.ਪੀ.ਆਈ. ਕਾਲਜ਼ ਪੰਜਾਬ ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:4498 ਆਫ 2019**

**ਹਾਜ਼ਰ:**

1. ਅਪੀਲਕਰਤਾ ਸ੍ਰੀ ਰਾਮ ਚੰਦ ਵਰਮਾ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਨਹੀ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 6-5-2019, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਐਸ.ਐਸ.ਐਮ. ਕਾਲਜ਼ ਦੀਨਾਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਸ.ਐਸ.ਐਮ. ਕਾਲਜ ਦੀਨਾਨਗਰ ਦੇ ਮੈਨੇਜਿੰਗ ਕਮੇਟੀ ਦੇ ਕਰਮਚਾਰੀਆਂ ਮੈਬਰਾਂ ਦੀ ਮੁਕੰਮਲ ਜਾਣਕਾਰੀ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-9-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 4-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਰਾਮ ਚੰਦ ਵਰਮਾ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਅਜੇ ਤੱਕ ਉਸਨੂੰ ਕੋਈ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਇਸ ਕੇਸ ਵਿਚ ਅਪੀਲਕਰਤਾ ਵਲੋਂ ਆਪਣੀ ਆਰ.ਟੀ.ਆਈ. ਅਰਜੀ ਮਿਤੀ 6-5-2019 ਰਾਹੀਂ ਐਸ.ਐਸ.ਐਮ. ਕਾਲਜ, ਦੀਨਾਨਗਰ ਦੇ ਮੈਬਰਾਂ ਅਤੇ ਆਫਿਸ ਬਿਅਰਰਜ਼ ਦੇ ਨਾਮ ਮੰਗੇ ਗਏ ਹਨ। ਇਹ ਸੂਚਨਾ ਕੇਵਲ ਕਾਲਜ਼ ਦੇ ਮੈਬਰ ਅਤੇ ਮੇਨੇਜਮੈਂਟ ਕਮੇਟੀ ਦੇ ਨੁਮਾਇੰਦਿਆਂ ਦੇ ਨਾਮ ਨਾਲ ਸਬੰਧਤ ਹੈ ਜ਼ੋ ਕਿ ਦਿਤੀ ਜਾ ਸਕਦੀ ਹੈ, ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਉਕਤ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਅਗਲੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 25 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਗਸੀਰ ਸਿੰਘ 9592339759
ਛੱਜੂ ਭੱਟ ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਮੈਡੀਕਲ ਸੁਪਰਡੰਟ ਰਾਜ਼ਿੰਦਰਾ ਮੈਡੀਕਲ ਕਾਲਜ
ਐਂਡ ਹੋਸਪਿਟਲ, ਪਟਿਆਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1039 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਨਹੀਂ।

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-10-2019 , ਲੋਕ ਸੂਚਨਾ ਅਧਿਕਾਰੀ ਦਫਤਰ ਮੈਡੀਕਲ ਸੁਪਰਡੰਟ ਰਾਜ਼ਿੰਦਰਾ ਮੈਡੀਕਲ ਕਾਲਜ ਐਂਡ ਹੋਸਪਿਟਲ, ਪਟਿਆਲਾ ਨੂੰ ਬਿਨੈਪੱਤਰ ਪੇਸ਼ ਕੀਤਾ ਗਿਆ ਸੀ। ਜਿਸ ਰਾਹੀਂ ਉਸ ਨੇ ਆਪਣੇ ਪਿਤਾ ਸ੍ਰੀ ਰਘਵੀਰ ਸਿੰਘ ਪੁੱਤਰ ਸ੍ਰੀ ਕਿਸ਼ਨ ਸਿੰਘ ਵਾਸੀ ਪਿੰਡ ਛੱਜੂ ਭੱਟ ਤਹਿਸੀਲ ਨਾਭਾ ਨੂੰ ਅਚਾਨਕ ਬਿਮਾਰ ਹੋਣ ਕਾਰਨ ਮਿਤੀ 24-1-2019 ਨੂੰ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਕੀਤੇ ਇਲਾਜ਼ ਨਾਲ ਸਬੰਧਤ 7 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 3-12-2019 ਨੂੰ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਡਾ: ਰਾਜਿੰਦਰ ਸਿੰਘ, ਵਲੋਂ ਪ੍ਰਾਪਤ ਈ.ਮੇਲ. ਮਿਤੀ 25-2-2020 ਰਾਹੀਂ ਸੂਚਿਤ ਕੀਤਾ ਗਿਆ ਕਿ ਉਸਦਾ ਬੇਟਾ ਬਿਮਾਰ ਹੈ ਅਤੇ ਹਸਪਤਾਲ ਵਿਚ ਹੈ, ਜਿਸ ਕਰਕੇ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਇਸ ਕੇਸ ਵਿਚ ਅਗਲੀ ਤਾਰੀਖ ਦਿੱਤੀ ਜਾਵੇ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਅਤੇ ਉੱਤਰਦਾਤਾ ਦੇ ਨੁਮਾਇੰਦੇ ਵਲੋਂ ਸਮੇਂ ਦੀ ਮੰਗ ਕੀਤੀ ਗਈ ਹੈ, ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 25 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਜ਼ੋਤੀ ਰਾਨੀ 8054661795
ਮਕਾਨ ਨੰ: 586 ਗੁਰੂ ਨਾਨਕ ਨਗਰ,
ਵਾਰਡ ਨੰ: 1 ਨਲਾਸ ਰਫੋ ਰਾਜਪੁਰਾ । ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਪੰਜਾਬੀ ਯੂਨੀਵਰਸਿਟੀ, ਪਟਿਆਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1043 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਮਿਸ ਜ਼ੋਤੀ ਰਾਨੀ ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਐਂਜਲ ਸ਼ਰਮਾਂ, ਐਡਵੋਕੇਟ।

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-9-2019 , ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਬਿਨੈਪੱਤਰ ਪੇਸ਼ ਕੀਤਾ ਗਿਆ ਸੀ। ਜਿਸ ਰਾਹੀਂ ਉਸ ਨੇ ਮਈ 2018 ਵਿਚ ਪੇਪਰ ਦਿੱਤੇ ਸੀ ਉਸਦੇ ਡੀ.ਐਮ.ਸੀ. ਬਾਰੇ ਰੋਲ ਨ: 208949 ਬੀ.ਏ. ।। ਸਮੈਸ਼ਟਰ ਚੋਥਾ ਨਾਲ ਸਬੰਧਤ 3 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ ਨੂੰ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਮਿਸ ਜ਼ੋਤੀ ਰਾਨੀ ਪੇਸ਼ੀ ਤੇ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋ਼ ਉਸਨੂੰ ਅਜੇ ਤੱਕ ਜਾਣਕਾਰੀ ਨਹੀਂ ਦਿਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਐਂਜਲ ਸ਼ਰਮਾਂ, ਐਡਵੋਕੇਟ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 933 /ਐਸ.6/1105-19/ਆਰ.ਟੀ.ਆਈ.ਸੈੱਲ, ਮਿਤੀ 6-2-2020 ਪੇਸ਼ ਕੀਤਾ ਗਿਆ ਜ਼ੋ ਕਿ ਪਹਿਲਾਂ ਹੀ ਡਾਕ ਰਾਹੀਂ ਮਿਤੀ 10-2-2020 ਨੂੰ ਪ੍ਰਾਪਤ ਹੋ ਚੁੱਕਾ ਹੈ। ਪੱਤਰ ਮਿਸਲ ਤੇ ਉਪਲਬਧ ਹੈ।

4. ਸ਼ਿਕਾਇਤਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਜਾਣਕਾਰੀ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਉਕਤ ਪੱਤਰ ਰਾਹੀਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਵਲੋਂ ਮੰਗੀ ਗਈ ਜਾਣਕਾਰੀ ਦਾ ਜਵਾਬ ਪੱਤਰ ਨ: 8548//ਐਸ.6/1105-19/ਆਰ.ਟੀ.ਆਈ.ਸੈੱਲ, ਮਿਤੀ 15-11-2019 ਰਾਹੀਂ ਭੇਜ਼ ਦਿੱਤਾ ਗਿਆ ਸੀ। ਇਸ ਤਰ੍ਹਾਂ ਸਪਸ਼ੱਟ ਹੈ ਕਿ ਸ਼ਿਕਾਇਤਕਰਤਾ ਵਲੋਂ ਮੰਗੀ ਗਈ ਜਾਣਕਾਰੀ ਉਸਨੂੰ ਪਹਿਲਾਂ ਹੀ ਉਸਦੇ ਪਤੇ ਤੇ ਪੱਤਰ ਮਿਤੀ 15-11-2019 ਨੂੰ ਭੇਜੀ ਜਾ ਚੁੱਕੀ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 25 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਕਮਲਕਾਂਤ
ਬੂਥ ਨੰ: 1055 ਨਿਊ ਸਨੀ ਇਨਕਲੇਵ
ਸੈਕਟਰ 125 ਖਰੜ, ਜ਼ਿਲ੍ਹਾ ਮੁਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਜ਼ਿਲ੍ਹਾ ਮੋਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਜ਼ਿਲ੍ਹਾ ਮੋਹਾਲੀ। ------ਉੱਤਰਦਾਤਾ

**<u>ਅਪੀਲ ਕੇਸ ਨੰ:4554 ਆਫ 2019</u>**

**<u>ਹਾਜ਼ਰ:</u>**

1. ਅਪੀਲਕਰਤਾ ਸ੍ਰੀ ਕਮਲਕਾਂਤ ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਬੰਤ ਸਿੰਘ, ਏ.ਆਰ. (9814178992)

**<u>ਹੁਕੱਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 3-6-2019, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਐਸ.ਐਸ.ਐਮ. ਕਾਲਜ਼ ਦੀਨਾਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਜ਼ਿਲ੍ਹਾ ਮੋਹਾਲੀ ਤੋਂ 2014-15 ਤੋਂ 2017-18 ਤੱਕ ਵੱਖ ਵੱਖ ਕੋਰਸਾਂ ਵਿਚ ਪੜ ਰਹੇ ਵਿਦਿਆਰਥੀਆਂ ਦੀ ਪ੍ਰਫਾਰਮੇ ਵਿਚ ਗਿਣਤੀ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-7-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 6-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਕਮਲਕਾਂਤ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਸਹੀ ਨਹੀਂ ਅਤੇ ਅਧੂਰੀ ਹੈ। ਉਸ ਵਲੋਂ ਪੱਤਰ ਮਿਤੀ 18-2-2019 ਪੇਸ਼ ਕੀਤਾ ਗਿਆ ਜ਼ੋ ਡਾਕ ਰਾਹੀਂ ਪਹਿਲਾਂ ਹੀ ਮਿਤੀ 20-2-2020 ਨੂੰ ਪ੍ਰਾਪਤ ਹੋ ਚੁੱਕਾ ਹੈ। ਪੱਤਰ ਮਿਸਲ ਤੇ ਉਪਲਭਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਬੰਤ ਸਿੰਘ, ਏ.ਆਰ. ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 11-2-2020 ਪੇਸ਼ ਕੀਤਾ ਜ਼ੋ ਪਹਿਲਾਂ ਹੀ ਡਾਕ ਰਾਹੀਂ ਮਿਤੀ 14-2-2020 ਨੂੰ ਪ੍ਰਾਪਤ ਹੋ ਚੁੱਕਾ ਹੈ, ਮਿਸਲ ਤੇ ਉਪਲਭਧ ਹੈ।

4. ਅਪੀਲਕਰਤਾ ਵਲੋਂ ਉਕਤ ਪੇਸ਼ ਕੀਤੇ ਗਏ ਪੱਤਰ ਮਿਤੀ 18-2-2020 ਰਾਹੀਂ ਦਸਿਆ ਗਿਆ ਕਿ ਨੁਕਤਾ ਨੰ: 2 ਰਾਹੀਂ ਦਸੇ ਅਨੁਸਾਰ ਇਹ ਥਰਡ ਪਾਰਟੀ ਨਾਲ ਸਬੰਧਤ ਸੂਚਨਾ ਨਹੀ਼ ਬਣਦੀ। ਇਸੇ ਤਰ੍ਹਾਂ ਨੁਕਤਾ ਨੰ: 3 ਅਤੇ 4 ਸਬੰਧੀ ਵੀ ਦਿੱਤੀ ਗਈ ਸੂਚਨਾ ਸਹੀ ਨਹੀਂ ਹੈ। ਇਹ ਪੱਤਰ ਪਹਿਲੀ ਅਪੀਲੀ ਅਥਾਰਟੀ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ। ਉੱਤਰਦਾਤਾ ਵਲੋਂ ਪੇਸ਼ ਕੀਤੇ ਪੱਤਰ ਮਿਤੀ 11-2-2020 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਨੁਕਤਾ ਵਾਰ ਦੇ ਦਿੱਤੀ ਗਈ ਸੀ, ਜਿਸ ਸਬੰਧੀ ਅਪੀਲਕਰਤਾ ਵਲੌਂ ਆਪਣੇ ਇਤਰਾਜ ਪੱਤਰ ਮਿਤੀ 18-2-2020 ਰਾਹੀਂ ਦਸੇ ਗਏ। ਅੱਜ ਪੇਸ਼ੀ ਦੋਰਾਨ ਉੱਤਰਦਾਤਾ ਵਲੋਂ ਪੱਤਰ ਮਿਤੀ 24-2-2020 ਰਾਹੀਂ ਨੁਕਤਾਵਾਰ ਉੱਤਰ ਦੇ ਦਿੱਤਾ ਗਿਆ ਹੈ, ਪੱਤਰ ਕਮਿਸ਼ਨ ਨੂੰ ਸੰਬੋਧਤ ਹੈ, ਇਸ ਪੱਤਰ ਦੀ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੋਰਾਨ ਦੇ ਦਿਤੀ ਗਈ। ਕਿਉਂਜੋ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਦੇ ਦਿੱਤੀ ਗਈ ਸੀ ਅਤੇ ਉਸ ਵਲੋਂ ਉਠਾਏ ਗਏ ਇਤਰਾਜਾਂ ਸਬੰਧੀ ਵੀ ਬਣਦਾ ਜਵਾਬ /ਜਾਣਕਾਰੀ ਦੇ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ । ਇਸ ਲਈ **<u>ਇਹ ਅਪੀਲ ਕੇਸ ਦਾਖਲ ਦਫਤਰ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 25 ਫਰਵਰੀ, 2020.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਾਜਿੰਦਰ ਕੁਮਾਰ ਪੁੱਤਰ ਸ੍ਰੀ ਕੇਹਰ ਚੰਦ 9888979250
ਵਾਰਡ ਨੰ: 2 ਸੁਪਰੀਮ ਅਨਕਲੇਵ, ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਈ.ਓ. ਨਗਰ ਕਾਂਉਸਲ, ਮਾਨਸਾ।
ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ ਸਥਾਨਕ ਸਰਕਾਰ,ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ:4437 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਨਹੀਂ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 1-8-2019, ਲੋਕ ਸੂਚਨਾ ਅਧਿਕਾਰੀ ਈ.ਓ. ਨਗਰ ਕਾਂਉਸਲ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੁਕਦਮਾਂ ਨ: 11 ਮਿਤੀ 2-8-2018 ਥਾਨਾ ਵਿਜੀਲੈਂਸ ਵਿਊਰੋ, ਬਠਿੰਡਾ ਵਿਰੁੱਧ ਰਾਜਿੰਦਰ ਕੁਮਾਰ ਕਲਰਕ ਨਗਰ ਕੌਸਲ ਮਾਨਸਾ ਨਾਲ ਸੰਬਧਤ 04 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 1-9-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਈ.ਮੇਲ. ਮਿਤੀ 24-2-2020 ਰਾਹੀਂ ਬੇਨਤੀ ਕੀਤੀ ਗਈ ਹੈ ਉਸਨੂੰ ਅਜੇ ਤੱਕ ਕਿਸੇ ਕਿਸਮ ਦੀ ਕੋਈ ਜਾਣਕਾਰੀ ਪ੍ਰਾਪਤ ਨਹੀਂ ਹੋਈ। ਪਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉਨ੍ਹਾਂ ਵਲੋਂ ਪੱਤਰ ਨ: 450 ਮਿਤੀ 19-2-2020 ਜ਼ੋ ਡਾਕ ਰਾਹੀਂ ਪ੍ਰਾਪਤ ਹੋਇਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਮਿਸਲ ਤੇ ਉਪਲਬਧ ਹੈ ।

4. ਅਪੀਲਕਰਤਾ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵਲੋਂ ਆਪਣੇ ਉਕਤ ਪਤਰ ਮਿਤੀ 19-2-2020 ਰਾਹੀਂ ਦਸਿਆ ਗਿਆ ਹੈ ਕਿ ਅਪੀਲਕਰਤਾ ਵਲੋਂ ਉਨ੍ਹਾਂ ਨੂੰ ਪਾਰਟੀ ਨਹੀਂ ਬਣਾਇਆ ਗਿਆ ਅਤੇ ਨਾਂ ਹੀ ਸੈਕਡ ਅਪੀਲ ਵਿਚ ਉਨ੍ਹਾਂ ਨੂੰ ਪਾਰਟੀ ਬਣਾਇਆ ਗਿਆ ਹੈ। ਨਾਂ ਹੀ ਕਦੀ ਕੋਈ ਸੂਚਨਾ ਮੰਗੀ ਗਈ ਹੈ। ਇਹ ਸੂਚਨਾ ਜੁਆਇੰਟ ਡਿਪਟੀ ਡਾਇਰੈਕਟਰ ਸਥਾਨਕ ਸਰਕਾਰ ਬਠਿੰਡਾ ਵਲੋਂ ਜਾਰੀ ਕੀਤਾ ਹੈ ਕਦੇ ਵੀ ਉਨ੍ਹਾਂ ਨੂ ਪ੍ਰਾਪਤ ਨਹੀਂ ਹੋਇਆ। ਇਸ ਕੇਸ ਵਿਚ ਅਪੀਲਕਰਤਾ ਵਲੋਂ ਅਰਜੀ ਮਿਤੀ 1-8-2019 ਰਿਜਨਲ ਡਿਪਟੀ ਡਾਇਰੈਕਟਰ ਸਥਾਨਕ ਸਰਕਾਰ ਬਠਿੰਡਾ ਨੂੰ ਪਾਈ ਗਈ ਸੀ ਅਤੇ ਉਨ੍ਹਾਂ ਵਲੋਂ ਆਪਣੇ ਪੱਤਰ ਮਿਤੀ 9-8-2019 ਰਾਹੀਂ ਇਹ ਅਰਜੀ ਲੋਕ ਸੂਚਨਾ ਅਫਸਰ ਕਾਰਜ ਸਾਧਕ ਅਫਸਰ, ਨਗਰ ਕੌਂਸਲ ਮਾਨਸਾ ਨੂੰ ਆਰ.ਟੀ.ਆਈ.ਐਕਟ. 2005 ਦੀ ਧਾਰਾ 6(3) ਤਹਿਤ ਟਰਾਂਸਫਰ ਕਰ ਦਿੱਤੀ ਗਈ ਸੀ ਇਸ ਲਈ , ਲੋਕ ਸੂਚਨਾ ਅਫਸਰ ਈ.ਓ. ਨਗਰ ਕਾਂਉਸਲ, ਮਾਨਸਾ ਅਤੇ ਅਪੀਲੀ ਅਥਾਰਟੀ ਰਿਜਨਲ ਡਿਪਟੀ ਡਾਇਰੈਕਟਰ ਸਥਾਨਕ ਸਰਕਾਰ,ਬਠਿੰਡਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 25 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀਮਤੀ ਅਮਨਦੀਪ ਕੌਰ
ਮਕਾਨ ਨ: 39/3, ਸ਼ਹੀਦ ਬਾਬਾ ਦੀਪ ਸਿੰਘ ਨਗਰ, ਜਲੰਧਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਅਪੀਸ਼ਨਲ ਚੀਫ ਸਕੱਤਰ,
ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ਼ ਵਿਭਾਗ,ਪੰਜਾਬ।
ਪਹਿਲੀ ਅਪੀਲੀ ਅਥਾਰਟੀ,
ਚੀਫ ਸਕੱਤਰ, ਪੰਜਾਬ ਗੋਰਮਿੰਟ ਸਿਵਲ ਸਕੱਤਰੇਤ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 4439 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਸ੍ਰੀ ਜਰਨੈਲ ਸਿੰਘ ਐਡਵੋਕੇਟ (9417171005)
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਰਾਸ਼ੀ ਕੁਮਾਰ, ਸੁਪਰਡੰਟ (9417734385) ਅਤੇ ਜਗਦੀਪ ਸਿੰਘ (9872026442)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 8-7-2019, ਲੋਕ ਸੂਚਨਾ ਅਧਿਕਾਰੀ ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ਼ ਵਿਭਾਗ,ਪੰਜਾਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 22-4-2019 ਨੂੰ ਉਸ ਵਲੋਂ ਡਾਕਟਰ ਅਜੇ ਬੱਗਾ, ਰਿਟਾਇਰਡ ਸਿਵਲ ਸਰਜਨ, ਐਸ.ਬੀ.ਐਸ.ਨਗਰ ਦੀ ਸਰਕਾਰੀ ਸੇਵਾ ਸਬੰਧੀ ਹੋਈਆਂ ਬੇਲਿਯਮੀਆਂ ਬਾਰੇ ਕੀਤੀ ਸਕਾਇਤ ਸਬੰਧੀ ਸਰਕਾਰ ਵਲੋਂ ਕੀਤੀ ਗਈ ਕਾਰਵਾਈ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-9-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਸ੍ਰੀ ਜਰਨੈਲ ਸਿੰਘ ਐਡਵੋਕੇਟ ਪੇਸ਼ ਹੋਇਆ, ਉਸ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਰਾਸ਼ੀ ਕੁਮਾਰ, ਸੁਪਰਡੰਟ ਅਤੇ ਸ੍ਰੀ ਜਗਦੀਪ ਸਿੰਘ ਹਾਜ਼ਰ ਹੋਏ। ਉਨ੍ਹਾਂ ਵਲੋਂ ਆਮ ਰਾਜ ਪ੍ਰਬੰਧ ਵਿਭਾਗ ਦਾ ਪੱਤਰ ਮਿਤੀ 6-2-2020 ਪੇਸ਼ ਕੀਤਾ ਜਿਸ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਦੀ ਅਰਜੀ ਮੈਡੀਕਲ ਸਿੱਖਿਆ ਤੇ ਖੋਜ਼ ਵਿਭਾਗ ਨੂੰ ਟਰਾਂਸਫਰ ਕੀਤੀ ਗਈ। ਇਸ ਦੇ ਨਾਲ ਹੀ ਪੱਤਰ ਨੰ: 17/41/2019-6ਸਿ1-5ਸਿ/232 ਮਿਤੀ 30-01-2020 ਅਤੇ ਪਤਰ ਨੰ: 17/41/2019-6ਸਿ1-5ਸਿ/456 ਮਿਤੀ 14-2-2020 ਪੇਸ਼ ਕੀਤੇ ਗਏ ਜ਼ੋ ਕਿ ਅਪੀਲਕਰਤਾ ਅਤੇ ਕਮਿਸ਼ਨ ਨੂੰ ਭੇਜੇ ਗਏ ਸਨ, ਪੱਤਰ ਡਾਕ ਰਾਹੀਂ ਕ੍ਰਮਵਾਰ ਮਿਤੀ 31-1-2020 ਅਤੇ ਮਿਤੀ 20-2-2020 ਨੂੰ ਪ੍ਰਾਪਤ ਹੋ ਚੁੱਕੇ ਹਨ ਅਤੇ ਮਿਸਲ ਤੇ ਉਪਲਭਧ ਹਨ। ਜਿਸ ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿਤੀ ਗਈ ਹੈ।

4. ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਅਪੀਲਕਰਤਾ ਵਲੋਂ ਹਾਜਰ ਨੁਮਾਇੰਦੇ ਨੂੰ ਉਕੱਤ ਪਤਰਾਂ ਰਾਹੀਂ ਭੇਜੀ ਗਈ ਸੂਚਨਾ ਦੀ ਕਾਪੀ ਦਿੱਤੀ ਗਈ ਜਿਸ ਅਨੁਸਾਰ ਅਪੀਲਕਰਤਾ ਵਲੋਂ ਪਹਿਲਾਂ ਆਪਣੇ ਪੱਤਰ ਦੀ ਮਿਤੀ 22-04-2019 ਦਸੀ ਗਈ ਸੀ ਪਰ ਬਾਅਦ ਵਿਚ ਦਰੁਸਤ ਕਰਦੇ ਹੋਏ 20-04-2019 ਤੇ ਦਰਜ ਦਸਿਆ ਗਿਆ ਸੀ ਜਿਸ ਸਬੰਧੀ ਉੱਤਰਦਾਤਾ ਵਲੋਂ ਆਪਣੇ ਪੱਤਰ ਮਿਤੀ 30-1-2020 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਜਿਸਤੇ ਅਪੀਲਕਰਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਸੰਤੁਸ਼ਟੀ ਪਰਗਟ ਕੀਤੀ ਗਈ । ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 25 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਛੱਜੂ ਸਿੰਘ, ਪੁੱਤਰ ਲੇਟ ਸ੍ਰੀ ਰਾਮ ਕ੍ਰਿਸ਼ਨ,
ਪਿੰਡ ਲਖਨੌਰ, ਡਾਕਖਾਨਾ ਸੋਹਾਣਾ, ਜ਼ਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,ਕਾਰਜਕਾਰੀ ਇੰਨਜੀਟੀਅਰ,
ਮਾਇਨਜ਼ ਐਂਡ ਜਿਉਲਜੀ ਵਿਭਾਗ, ਪੰਜਾਬ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਚੀਫ ਇੰਨਜੀਨੀਅਰ, ਮਾਇਨਜ਼ ਐਂਡ ਜਿਉਲਜੀ ਵਿਭਾਗ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:4440 ਆਫ 2019**

**ਹਾਜ਼ਰ:**

1. ਅਪੀਲਕਰਤਾ ਸ੍ਰੀ ਛੱਜੂ ਸਿੰਘ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਗੁਰਜੀਤ ਸਿੰਘ, ਜੇ.ਈ. (9872641610)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-8-2019, ਲੋਕ ਸੂਚਨਾ ਅਧਿਕਾਰੀ ਕਾਰਜਕਾਰੀ ਇੰਨਜੀਟੀਅਰ, ਮਾਇਨਜ਼ ਐਂਡ ਜਿਉਲਜੀ ਵਿਭਾਗ, ਪੰਜਾਬ ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਇਨਜ਼ ਐਂਡ ਜਿਉਲਜੀ ਵਿਭਾਗ ਪੰਜਾਬ ਵਿਚ ਕੈਟਾਗਰੀਵਾਇਜ਼ ਕੁਲ ਪ੍ਰਵਾਨਿਤ ਆਸਾਮੀਆਂ ਅਤੇ ਕਰਮਚਾਰੀਆਂ ਨਾਲ ਸੰਬਧਤ 08 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਸਹੀ ਨਾ ਦੇਣ ਕਾਰਨ ਉਸ ਨੇ ਮਿਤੀ 30-9-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਛੱਜੂ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੰਗੀ ਗਈ ਸਹੀ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਗੁਰਜੀਤ ਸਿੰਘ, ਜੇ.ਈ. ਹਾਜ਼ਰ ਹੋਇਆ, ਉਸ ਵਲੋਂ ਬੇਨਤੀ ਕੀਤੀ ਗਈ ਕਿ ਇਸ ਕੇਸ ਹੋਰ ਸਮਾਂ ਦਿੱਤਾ ਜਾਵੇ।

4. ਅਪੀਲਕਰਤਾ ਅਤੇ ਉੱਤਰਦਾਤਾ (ਲੋਕ ਸੂਚਨਾ ਅਫਸਰ ) ਦੀ ਸਹਿਮਤੀ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 25 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਜੈ ਕੁਮਾਰ, 9878432988
ਮਕਾਨ ਨੰ: 01 ਰੋਜ਼ ਐਵਨਿਊ ਕਲੋਨੀ,
ਨੇੜੇ ਇੰਪਰੂਵਮੈਂਟ ਟਰੱਸਟ ਆਫਿਸ, ਮਲੇਰਕੋਟਲਾ।- -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਈ.ਓ. ਇੰਪਰੂਵਮੈਂਟ ਟਰੱਸਟ, ਮਲੇਰਕੋਟਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ ਲੋਕਲ ਬਾਡੀਜ਼, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4452 ਆਫ 2019**

**ਹਾਜ਼ਰ:**

1. ਅਪੀਲਕਰਤਾ ਸ੍ਰੀ ਅਜੈ ਕੁਮਾਰ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਕੁਲਦੀਪ ਸਿੰਘ, ਸੀਨੀਅਰ ਸਹਾਇਕ (9813329260)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-6-2019 , ਲੋਕ ਸੂਚਨਾ ਅਧਿਕਾਰੀ ਈ.ਓ. ਇੰਪਰੂਵਮੈਂਟ ਟਰੱਸਟ, ਮਲੇਰਕੋਟਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਸੁਧਾਰ ਟਰੱਸਟ ਵਿਚ ਅਲਾਟੀਆਂ ਨੂੰ 185 ਰੁਪਏ ਪ੍ਰਤੀ ਗੱਜ ਮੁਆਵਜਾ ਜਮ੍ਹਾਂ ਕਰਵਾਉਣ ਲਈ ਲਿਖਿਆ ਗਿਆ ਹੈ ਉਸ ਦੀ ਡਿਟੇਲ ਨਾਲ ਸੰਬਧਤ 10 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 6-8-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਅਜੈ ਕੁਮਾਰ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਸਹੀ ਜਾਣਕਾਰੀ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਕੁਲਦੀਪ ਸਿੰਘ, ਸੀਨੀਅਰ ਸਹਾਇਕ, ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 70 ਮਿਤੀ 24-2-2020 ਪੇਸ਼ ਕੀਤਾ ਗਿਆ ਜ਼ੋ ਸ੍ਰੀ ਅਜੇ ਕੁਮਾਰ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਜ਼ੋ ਜਾਣਕਾਰੀ ਦਿੱਤੀ ਗਈ ਹੈ ਉਹ 33 ਬਿਘੇ ਦੀ ਹੈ ਜਦੋਂ ਕਿ ਉਸ ਵਲੋਂ 44 ਬਿਘੇ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਇਸ ਤਰ੍ਹਾਂ ਦਿੱਤੀ ਗਈ ਜਾਣਕਾਰੀ ਠੀਕ ਨਹੀਂ ਹੈ। ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਨੰ: 70, ਮਿਤੀ 24-2-2020 ਦੀ ਕਾਪੀ ਅਪੀਲਕਰਤਾ ਨੂੰ ਦਿੱਤੀ ਗਈ। ਜਿਸ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ 33-16 ਬਿਘੇ ਦੀ ਸੂਚਨਾ ਜ਼ੋ ਰਿਕਾਰਡ ਵਿਚ ਉਪਲਬਧ ਹੈ ਦੇ ਦਿੱਤੀ ਗਈ ਹੈ। ਜਦੋਂ ਉੱਤਰਦਾਤਾ ਨੂੰ ਪੁਛਿਆ ਗਿਆ ਤਾਂ ਉਸ ਨੇ ਦਸਿਆ ਗਿਆ ਕਿ ਮੁਆਵਜਾ ਕੇਵਲ ਗੈਰ ਮੁਮਕੰਨ ਨੂੰ ਹੀ ਦਿਤਾ ਗਿਆ ਹੈ। ਇਸ ਲਈ ਜ਼ੋ ਸੂਚਨਾ ਦਿੱਤੀ ਗਈ ਹੈ ਉਹ ਰਿਕਾਰਡ ਅਨੁਸਾਰ ਠੀਕ ਹੈ। ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਅਤੇ ਦਿੱਤੀ ਗਈ ਦਲੀਲ ਨਾਲ ਕਮਿਸ਼ਨ ਵਲੋਂ ਸਤੁੰਸਟੀ ਪ੍ਰਗਟ ਕੀਤੀ ਗਈ । ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 25 **ਫਰਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਜੈ ਕੁਮਾਰ, 9878432988
ਮਕਾਨ ਨੰ: 01 ਰੋਜ਼ ਐਵਨਿਊ ਕਲੋਨੀ,
ਨੇੜੇ ਇੰਪਰੂਵਮੈਂਟ ਟਰੱਸਟ ਆਫਿਸ, ਮਲੇਰਕੋਟਲਾ।- -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਈ.ਓ. ਇੰਪਰੂਵਮੈਂਟ ਟਰੱਸਟ, ਮਲੇਰਕੋਟਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ ਲੋਕਲ ਬਾਡੀਜ਼, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4453 ਆਫ 2019**

**ਹਾਜ਼ਰ:**

1. ਅਪੀਲਕਰਤਾ ਸ੍ਰੀ ਅਜੈ ਕੁਮਾਰ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਕੁਲਦੀਪ ਸਿੰਘ, ਸੀਨੀਅਰ ਸਹਾਇਕ (9813329260)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-7-2019 , ਲੋਕ ਸੂਚਨਾ ਅਧਿਕਾਰੀ ਈ.ਓ. ਇੰਪਰੂਵਮੈਂਟ ਟਰੱਸਟ, ਮਲੇਰਕੋਟਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਸੁਧਾਰ ਟਰੱਸਟ ਵਿਚ ਅਲਾਟੀਆਂ ਨੂੰ 185 ਰੁਪਏ ਪ੍ਰਤੀ ਗੱਜ ਮੁਆਵਜਾ ਜਮ੍ਹਾਂ ਕਰਵਾਉਣ ਲਈ ਲਿਖਿਆ ਗਿਆ ਹੈ ਨਾਲ ਸੰਬਧਤ 10 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-8-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਅਜੈ ਕੁਮਾਰ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਸਹੀ ਜਾਣਕਾਰੀ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਕੁਲਦੀਪ ਸਿੰਘ, ਸੀਨੀਅਰ ਸਹਾਇਕ, ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 69 ਮਿਤੀ 24-2-2020 ਪੇਸ਼ ਕੀਤਾ ਗਿਆ ਜ਼ੋ ਸ੍ਰੀ ਅਜੇ ਕੁਮਾਰ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਪਤਰ ਮਿਤੀ 24-2-2020 ਦੀ ਇਕ ਕਾਪੀ ਅਪੀਲਕਰਤਾ ਨੂੰ ਦੇ ਦਿੱਤੀ ਗਈ ਅਤੇ ਇਕ ਕਾਪੀ ਕਮਿਸ਼ਨ ਨੂੰ ਦੇ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਦਸਿਆ ਗਿਆ ਕਿ ਦਿੱਤੀ ਗਈ ਸੂਚਨਾ ਸਹੀ ਨਹੀਂ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਉਸਨੂੰ ਲਿਖਤੀ ਰੂਪ ਵਿਚ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 25 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਘੂਨਾਥ ਪੁੱਤਰ ਸ੍ਰੀ ਨੀਸ਼ਾ ਰਾਮ
ਪਿੰਡ ਕੱਟਾ ਬਾਸ ਚਬਰੇਵਾਲ, ਬਲਾਕ ਨੂਰਪੁਰਬੇਦੀ,
ਤਹਿਸੀਲ ਅਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਡਿਪਟੀ ਕਮਿਸ਼ਨਰ, ਰੂਪ ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1007 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਸ੍ਰੀ ਰਘੂਨਾਥ ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸੀਰੀ ਕਾਂਤ, ਕਲਰਕ (988497183)

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-9-2019 , ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਰੂਪ ਨਗਰ ਨੂੰ ਬਿਨੈਪੱਤਰ ਪੇਸ਼ ਕੀਤਾ ਗਿਆ ਸੀ। ਜਿਸ ਰਾਹੀਂ ਉਸ ਨੇ ਅਰਜੀ ਮਿਤੀ 18-6-2019 ਨੂੰ ਰਜਿਸਟਰਡ ਪੱਤਰ ਰਾਹੀਂ ਗੈਰ ਕਾਨੂੰਨੀ ਹੋ ਰਹੀ ਮਾਈਨਿੰਗ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-11-2019 ਨੂੰ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਸ੍ਰੀ ਰਘੂਨਾਥ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਨਹੀਂ ਦਿੱਤੀ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸੀਰੀ ਕਾਂਤ, ਕਲਰਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 2019/ਆਰ.ਟੀ.ਆਈ./1094 ਮਿਤੀ 23-10-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵਲੋਂ ਪੇਸ ਕੀਤੇ ਗਏ ਉਕਤ ਪੱਤਰ ਮਿਤੀ 23-10-2019 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਕਿ ਮੰਗੀ ਗਈ ਸੂਚਨਾ ਉਨ੍ਹਾਂ ਦੇ ਦਫਤਰ ਦੇ ਪੱਤਰ ਨ: 286-2019/ਆਰ.ਟੀ.ਆਈ. 979 ਮਿਤੀ 10-10-2019 ਰਾਹੀਂ ਭੇਜੀ ਜਾ ਚੁੱਕੀ ਹੈ। ਇਸ ਪੱਤਰ ਰਾਹੀਂ ਜਿਲਾ ਮਾਲ ਅਫਸਰ ਵਲੋਂ ਮੀਮੋ ਨੰ: 2209/ਏ.ਡੀ.ਆਰ.ਏ 3 ਮਿਤੀ 30-9-2019 ਰਾਹੀਂ ਦਸਿਆ ਗਿਆ ਕਿ ਉਸਦੀ ਅਰਜੀ ਕਾਰਵਾਈ ਲਈ ਉਪ ਮੰਡਲ ਮੈਜਿਸਟਰੇਟ ਸ੍ਰੀ ਅਨੰਦਪੁਰ ਸਾਹਿਬ ਨੂੰ ਭੇਜੀ ਹੋਈ ਹੈ ਜ਼ੋ ਕਾਰਵਾਈ ਅਧੀਨ ਹੈ, ਇਸ ਤੋਂ ਇਲਾਵਾ ਪਟਵਾਰੀ ਦੀ ਰਿਪੋਰਟ ਸਬੰਧਤ ਤਹਿਸੀਲਕਾਰ ਪਾਸੋ ਪ੍ਰਾਪਤ ਕੀਤੀ ਜਾ ਸਕਦੀ ਹੈ।

4. ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਪਬਲਿਕ ਇੰਟਰੈਸਟ ਦਾ ਕੰਮ ਹੈ ਅਤੇ ਅਪੀਲਕਰਤਾ ਆਪ ਵੀ ਪੀੜਤ ਹੈ, ਉਸ ਵਲੋਂ ਮਿਤੀ 18-6-2019 ਨੂੰ ਰਜਿਸਟਰਡ ਪੱਤਰ ਰਾਹੀਂ ਅਰਜੀ ਦਿੱਤੀ ਗਈ ਸੀ, ਵਿਭਾਗ ਵਲੋਂ ਦਸਿਆ ਗਿਆ ਹੈ ਕਿ ਅਜੇ ਕਾਰਵਾਈ ਮੁਕੰਮਲ ਨਹੀਂ ਹੋਈ। ਉੱਤਰਦਾਤਾ ਵਲੋਂ ਭੇਜੀ ਗਈ ਸੂਚਨਾ ਵਿਚ ਡਿਪਟੀ ਕਮਿਸ਼ਨਰ ਰੂਪਨਗਰ ਵਲੋਂ ਉਪ ਮੰਡਲ ਮੈਜਿਸਟਰੇਟ ਸ੍ਰੀ ਅਨੰਦਪੁਰ ਸਾਹਿਬ ਨੂੰ ਅਪੀਲਕਰਤਾ ਦੀ ਸਿਕਾਇਤ ਪੱਤਰ ਮਿਤੀ 1-7-2019 ਰਾਹੀਂ ਭੇਜੀ ਗਈ ਸੀ ਅਤੇ ਹਫਤੇ ਦੇ ਅੰਦਰ ਅੰਦਰ ਰਿਪੋਰਟ ਮੰਗੀ ਗਈ ਸੀ, ਇਸ ਉਪਰੰਤ ਪਤਰ ਮਿਤੀ 18-9-2019 ਰਾਹੀਂ ਰਿਮਾਇਂਡਰ ਵੀ ਦਿੱਤਾ ਗਿਆ ਪਰ ਰਿਪੋਰਟ ਨਹੀਂ ਭੇਜੀ ਗਈ। ਇਸ ਤਰ੍ਹਾਂ ਇਸ ਕੇਸ ਵਿਚ ਪਹਿਲਾਂ ਹੀ ਕਾਫੀ ਸਮਾਂ ਬੀਤ ਚੁੱਕਾ ਹੈ, ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦਿੱਤੀ ਗਈ ਅਰਜੀ ਤੇ ਕੀਤੀ ਗਈ ਕਾਰਵਾਈ ਸਬੰਧੀ ਵਿਸਥਾਰਪੂਰਵਕ ਵੇਰਵੇ ਸਹਿਤ ਦਸਿਆ ਜਾਵੇ ਕਿ ਇਹ ਅਰਜੀ ਕਦੋਂ ਕਦੋਂ ਕਿਸਨੂੰ ਭੇਜੀ ਗਈ । ਇਸ ਕੇਸ ਵਿਚ ਕਿਸ ਕਿਸ ਨੂੰ ਬੁਲਾਇਆ ਗਿਆ, ਅਪੀਲਕਰਤਾ ਨੂੰ ਕਦੋਂ ਬੁਲਾਇਆ ਗਿਆ ਅਤੇ ਕਦੋਂ ਬਿਆਨ ਲਏ ਗਏ, ਰਿਪੋਰਟ ਤਿਆਰ ਕਰਨ ਵਿਚ ਇਤਨੀ ਦੇਰ ਹੋਣ ਦੇ ਕੀ ਕਾਰਨ ਹਨ ਸਬੰਧੀ ਦਸਿਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 25 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਤਰਲੋਚਨ ਸਿੰਘ, ਪੁੱਤਰ ਸ੍ਰੀ ਕ੍ਰਿਸ਼ਨ ਸਿੰਘ 9814507669
ਪਿੰਡ ਤੇ ਡਾਕਖਾਨਾ ਕੋਠਾਲਾ, ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਕਾਰ, ਮਲੇਰਕੋਟਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1009 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਹਰਪਾਲ ਸਿੰਘ ਕਾਨੂੰਗੋ (9855366903)

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-9-2019 , ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਕਾਰ, ਮਲੇਰਕੋਟਲਾ ਨੂੰ ਬਿਨੈਪੱਤਰ ਪੇਸ਼ ਕੀਤਾ ਗਿਆ ਸੀ। ਜਿਸ ਰਾਹੀਂ ਉਸ ਨੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਬਲਾਕ ਮਲੇਰਕੋਟਲਾ 2 ਦੇ ਪੱਤਰ ਨੰ: 3981 ਮਿਤੀ 1-8-2018 ਨਾਲ ਸਬੰਧਤ ਪਿੰਡ ਫਿਰੋਜ਼ਪੁਰ ਦੇ ਖਸਰਾ ਨ: 621/0-2 ਦੀ ਨਿਸ਼ਾਨਦੇਹੀ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-11-2019 ਨੂੰ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ ਮਿਤੀ 19-2-2020 ਰਾਹੀਂ ਪੱਤਰ ਮਿਤੀ 18-2-2020 ਪੇਸ਼ ਕੀਤਾ ਗਿਆ ਜਿਸ ਰਾਹੀਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਨਹੀਂ ਦਿੱਤੀ ਗਈ । ਉਸ ਵਲੋਂ ਬੇਨਤੀ ਕੀਤੀ ਗਈ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ। ਪੱਤਰ ਮਿਸਲ ਤੇ ਉਪਲਭਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਹਰਪਾਲ ਸਿੰਘ ਕਾਨੂੰਗੋ ਵਲੋਂ ਤਹਿਸੀਲਦਾਰ ਦਾ ਪਤਰ ਮਿਤੀ 24-2-2020 ਪੇਸ਼ ਕੀਤਾ ਗਿਆ। ਪਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਰਾਹੀਂ ਦਸਿਆ ਗਿਆ ਕਿ ਇਹ ਪੱਤਰ ਬੀ.ਡੀ.ਪੀ.ਓ ।। ਮਲੇਰਕੋਟਲਾ ਵਲੋਂ ਉਨ੍ਹਾਂ ਦੇ ਦਫਤਰ ਨੂੰ ਮਿਤੀ 1-8-2018 ਨੂੰ ਡੀਮਾਰਕੇਸ਼ਨ ਲਈ ਭੇਜਿਆ ਸੀ ਅਤੇ ਫੀਲਡ ਸਟਾਫ ਵਲੋਂ ਪੇਸ਼ ਕੀਤੀ ਗਈ ਰਿਪੋਰਟ ਮਿਤੀ 7-9-2018 ਨੂੰ ਬੀ.ਡੀ.ਪੀ.ਓ ।। ਨੂੰ ਭੇਜ਼ ਦਿੱਤੀ ਗਈ ਸੀ। ਇਸ ਉਪਰੰਤ ਸ਼ਿਕਾਇਤਕਰਤਾ ਨੇ ਮਿਤੀ 18-9-2019 ਨੂੰ ਆਰ.ਟੀ.ਆਈ. ਐਕਟ ਤਹਿਤ ਅਰਜੀ ਪਾਈ ਗਈ। ਇਹ ਅਰਜੀ ਮਿਤੀ 16-10-2019 ਨੂੰ ਬੀ.ਡੀ.ਪੀ.ਓ ਨੂੰ ਟਰਾਂਸਫਰ ਕਰ ਦਿੱਤੀ ਗਈ ਕਿਉਂਜੋ ਨਿਸ਼ਾਨਦੇਹੀ ਵਾਲੀ ਫਾਇਲ ਪਹਿਲਾਂ ਹੀ ਬੀ.ਡੀ.ਪੀ.ਓ ।। ਨੂੰ ਮਿਤੀ 7-9-2018 ਨੂੰ ਭੇਜੀ ਹੋਈ ਸੀ। ਇਸ ਤਰ੍ਹਾਂ ਇਹ ਪਾਇਆ ਗਿਆ ਕਿ ਉੱਤਰਦਾਤਾ ਦਫਤਰਾਂ ਵਲੋਂ ਆਪਸ ਵਿਚ ਲਿਖਾਪੜੀ ਕੀਤੀ ਜਾਦੀਂ ਰਹੀ ਹੈ, ਸ਼ਿਕਾਇਤਕਰਤਾ ਨੂੰ ਕੋਈ ਸੂਚਨਾ ਨਹੀਂ ਦਿੱਤੀ ਗਈ। ਜਿਹੜੀ ਬੀ.ਡੀ.ਪੀ.ਓ. ਨੂੰ ਅਰਜੀ ਟਰਾਂਸਫਰ ਕੀਤੀ ਗਈ ਉਸ ਸਬਧੀ ਸ਼ਿਕਾਇਤਕਰਤਾ ਨੂੰ ਨਹੀਂ ਦਸਿਆ ਗਿਆ ਅਤੇ ਨਾ ਹੀ ਸੂਚਨਾ ਦੇਣ ਵਿਚ ਦੇਰੀ ਕਿਉਂ ਹੋਈ ਇਸ ਬਾਰੇ ਹੀ ਦਸਿਆ ਗਿਆ ਹੈ। ਨਿਸ਼ਾਨਦੇਹੀ ਤਹਿਲੀਦਾਰ ਵਲੋਂ ਹੀ ਕਰਨੀ ਹੈ, ਇਸ ਲਈ ਵਿਸ਼ਥਾਰਪੂਰਵਕ ਉੱਤਰ ਤਿਆਰ ਕਰਕੇ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਭੇਜਿਆ ਜਾਵੇ ਅਤੇ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 25 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।